# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :18-05-2026

ਪੰਜਾਬ ਵਿੱਚ 26 ਮਈ ਨੂੰ ਹੋਣ ਵਾਲੀਆਂ ਨਗਰ ਨਿਗਮਾਂ, ਨਗਰ ਕੌਂਸਲਾਂ, ਨਗਰ ਪੰਚਾਇਤਾਂ ਸਮੇਤ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਲਈ 10 ਹਜ਼ਾਰ 809 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਨੇ। ਸ਼ਨੀਵਾਰ ਨੂੰ ਨਾਮਜ਼ਦਗੀਆਂ ਦਾਖਲ ਕਰਨ ਦਾ ਆਖਰੀ ਦਿਨ ਸੀ। 8 ਨਗਰ ਨਿਗਮਾਂ ਸਮੇਤ 105 ਸਥਾਨਕ ਸੰਸਥਾਵਾਂ ਲਈ ਚੋਣਾਂ ਹੋਣਗੀਆਂ। ਰਾਜ ਚੋਣ ਕਮਿਸ਼ਨ ਅਨੁਸਾਰ, 8 ਨਗਰ ਨਿਗਮਾਂ ਲਈ 2 ਹਜ਼ਾਰ 154 ਉਮੀਦਵਾਰਾਂ ਨੇ ਨਾਮਜ਼ਦਗੀਆਂ ਦਾਖਲ ਕੀਤੀਆਂ ਨੇ, 76 ਨਗਰ ਕੌਂਸਲਾਂ ਲਈ 7 ਹਜ਼ਾਰ 334 ਅਤੇ 21 ਨਗਰ ਪੰਚਾਇਤਾਂ ਲਈ 1 ਹਜ਼ਾਰ 321 ਨਾਮਜ਼ਦਗੀਆਂ ਦਾਖਲ ਕੀਤੀਆਂ ਗਈਆਂ ਨੇ। ਨਾਮਜ਼ਦਗੀ ਪੱਤਰਾਂ ਦੀ ਪੜਤਾਲ ਅੱਜ ਹੋਵੇਗੀ, ਜਦੋਂ ਕਿ ਨਾਮਜ਼ਦਗੀਆਂ ਵਾਪਸ ਲੈਣ ਦਾ ਆਖਰੀ ਦਿਨ ਕੱਲ੍ਹ 19 ਮਈ

ਨਿਰਧਾਰਤ ਕੀਤਾ ਗਿਆ ਏ। ਇਨ੍ਹਾਂ ਚੋਣਾਂ ਦੇ ਨਤੀਜੇ 29 ਮਈ ਨੂੰ ਐਲਾਨੇ ਜਾਣਗੇ। ਕਮਿਸ਼ਨ ਨੇ ਚੋਣਾਂ ਨੂੰ ਨਿਰਪੱਖ, ਸੁਤੰਤਰ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸੂਬੇ ਦੇ 23 ਜ਼ਿਲ੍ਹਿਆਂ ਵਿੱਚ IAS ਤੇ ਸੀਨੀਅਰ PCS ਅਧਿਕਾਰੀਆਂ ਨੂੰ ਨਿਗਰਾਨ ਨਿਯੁਕਤ ਕੀਤਾ ਏ । ਇਸੇ ਦੌਰਾਨ ਮੁਹਾਲੀ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ ਨੇ ਜਾਣਕਾਰੀ ਦਿੱਤੀ ਏ ਕਿ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਨਗਰ ਕੌਂਸਲ ਖਰੜ ਦੀਆਂ ਆਮ ਚੋਣਾਂ ਮੁਲਤਵੀ ਕਰਨ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਨੇ।

ਉਨ੍ਹਾਂ ਕਿਹਾ ਕਿ ਨਗਰ ਕੌਂਸਲ ਖਰੜ ਦੀਆਂ ਚੋਣਾਂ ਕਰਵਾਉਣ ਸਬੰਧੀ ਅਗਲੀ ਕਾਰਵਾਈ ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਤੋਂ ਨਵਾਂ ਨੋਟੀਫਿਕੇਸ਼ਨ ਪ੍ਰਾਪਤ ਹੋਣ ਮਗਰੋਂ ਕੀਤੀ ਜਾਵੇਗੀ।

----------------------------------------------------

ਲੁਧਿਆਣਾ ਪੁਲਿਸ ਨੇ ਉੱਤਰੀ ਭਾਰਤ ਦੇ ਹੁਣ ਤੱਕ ਦੇ ਸਭ ਤੋਂ ਵੱਡੇ ਸਾਈਬਰ ਧੋਖਾਧੜੀ ਸਿੰਡੀਕੇਟ ਨਾਲ ਸਬੰਧਤ ਮਾਮਲੇ ਵਿੱਚ ਕੁਝ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਕੀਤੀਆਂ ਨੇ। ਪੁਲਿਸ ਨੇ ਇਸ ਧੋਖਾਧੜੀ ਦਾ 15 ਮਈ ਨੂੰ ਪਰਦਾਫਾਸ਼ ਕੀਤਾ ਸੀ। ਇਹ ਸਿੰਡੀਕੇਟ

ਜ਼ਿਆਦਾਤਰ ਉੱਤਰੀ ਅਮਰੀਕਾ ਅਤੇ ਪੱਛਮੀ ਯੂਰਪੀਅਨ ਦੇਸ਼ਾਂ ਦੇ ਲੋਕਾਂ ਨੂੰ ਨਿਸ਼ਾਨਾ ਬਣਾ ਰਿਹਾ ਸੀ। ਇਹ ਧੋਖੇਬਾਜ਼ ਖੁਦ ਨੂੰ ਬੈਂਕਰਾਂ ਵਜੋਂ ਪੇਸ਼ ਕਰਦੇ ਸਨ ਤਾਂ ਜੋ ਉਨ੍ਹਾਂ ਲੋਕਾਂ ਦੇ ਪੈਸੇ ਜਾਅਲੀ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾ ਸਕਣ। ਲੁਧਿਆਣਾ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਇਸ ਅੰਤਰਰਾਸ਼ਟਰੀ ਸਾਈਬਰ ਧੋਖਾਧੜੀ ਮਾਮਲੇ ਵਿੱਚ ਸ਼ਾਮਲ ਲੋਕਾਂ ਤੋਂ 25 ਹੋਰ ਲੈਪਟਾਪ ਅਤੇ 50 ਮੋਬਾਈਲ ਫੋਨ ਬਰਾਮਦ ਕੀਤੇ ਗਏ ਨੇ। ਉਨ੍ਹਾਂ ਦੱਸਿਆ ਕਿ, ਕਿਉਂਕਿ ਇਹ ਮਾਮਲਾ ਬਹੁਤ ਵੱਡਾ ਏ, ਇਸ ਲਈ ਇਸ ਵਿਚ ਆਮਦਨ ਕਰ ਵਿਭਾਗ ਅਤੇ ਰਾਜ ਸਾਈਬਰ-ਕ੍ਰਾਈਮ ਸੈੱਲ ਵੀ ਸ਼ਾਮਲ ਹੋ ਗਏ ਨੇ ਅਤੇ ਸੀਨੀਅਰ ਅਧਿਕਾਰੀਆਂ ਦੀ ਅਗਵਾਈ ਵਿੱਚ ਕਈ ਪੁਲਿਸ ਟੀਮਾਂ ਪੂਰੇ ਸਿੰਡੀਕੇਟ ਬੇਨਕਾਬ ਕਰਨ ਲਈ ਕੰਮ ਕਰ ਰਹੀਆਂ ਨੇ।

---------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਬੀਤੇ ਕੱਲ੍ਹ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਨਾਭਾ ਵੱਲੋਂ ਦਿੱਲੀ ਫ਼ਤਿਹ ਦਿਵਸ ਨੂੰ ਸਮਰਪਿਤ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਜਨਮ ਸ਼ਤਾਬਦੀ ਸਬੰਧੀ ਨਾਭਾ ਵਿਖੇ ਕਰਵਾਏ ਸਮਾਗਮ ਵਿੱਚ ਸਾਮਿਲ ਹੋਏ । ਇਸ ਮੌਕੇ ਉਨ੍ਹਾਂ ਕਿਹਾ ਕਿ

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ ਇਤਿਹਾਸ ਸੂਰਵੀਰਤਾ, ਇਮਾਨਦਾਰੀ ਅਤੇ ਕੌਮੀ ਸੇਵਾ ਨਾਲ ਭਰਪੂਰ ਏ। Byte...

ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਸਮਾਜ ਨੂੰ ਇਕਜੁੱਟ ਕਰਨ ਅਤੇ ਨਵੀਂ ਪੀੜ੍ਹੀ ਵਿੱਚ ਚੰਗੇ ਸੰਸਕਾਰ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ।

------------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦੇ ਇੱਕ ਮੈਂਬਰ ਨੂੰ 7 ਆਧੁਨਿਕ ਪਿਸਤੌਲਾਂ ਅਤੇ 2 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਵਰਚੁਅਲ ਨੰਬਰਾਂ ਰਾਹੀਂ ਵਿਦੇਸ਼ੀ ਤਸਕਰਾਂ ਦੇ ਸੰਪਰਕ ਵਿੱਚ ਸੀ ਅਤੇ ਪੰਜਾਬ ਵਿੱਚ ਅੱਗੇ ਸਪਲਾਈ ਕਰਨ ਲਈ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਖੇਪ ਪ੍ਰਾਪਤ ਕਰ ਰਿਹਾ ਸੀ। ਇਸ ਸਬੰਧੀ ਮਾਮਲਾ ਦਰਜ ਕਰ ਲਿਆ ਗਿਆ ਏ ਅਤੇ ਅਗਲੇਰੀ ਜਾਂਚ ਜਾਰੀ ਏ।

------------------------------------------------------------------------------

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਹੋਈ ਇੱਕ ਤਾਜ਼ਾ ਖੋਜ ਰਾਹੀਂ ਅਜਿਹੀ ਤਕਨੀਕ ਵਿਕਸਿਤ ਕੀਤੀ ਗਈ ਏ ਜੋ ਦ੍ਰਿਸ਼ਟੀਹੀਣ ਵਿਅਕਤੀਆਂ ਨੂੰ ਘਰਾਂ, ਦਫ਼ਤਰਾਂ ਅਤੇ ਹੋਰ ਜਨਤਕ ਇਮਾਰਤਾਂ ਦੇ ਅੰਦਰੂਨੀ ਹਿੱਸਿਆਂ ਵਿੱਚ ਸੁਰੱਖਿਅਤ ਤਰੀਕੇ ਨਾਲ਼ ਚਲਣ ਵਿੱਚ ਮਦਦਗਾਰ ਹੋ ਸਕਦੀ ਏ। ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਦੀ ਨੂੰ ਖੋਜਾਰਥੀ ਡਾ. ਸੁਮਨਦੀਪ ਕੌਰ ਵੱਲੋਂ ਨਿਗਰਾਨ ਡਾ. ਲਖਵਿੰਦਰ ਕੌਰ ਅਤੇ ਸਹਿ-ਨਿਗਰਾਨ ਡਾ. ਮਦਨ ਲਾਲ ਦੀ ਅਗਵਾਈ ਵਿੱਚ ਕੀਤੀ ਇਸ ਖੋਜ ਨੂੰ ਅਕਾਦਮਿਕ ਪੱਧਰ ਤੇ ਵੀ ਮਾਨਤਾ ਮਿਲੀ ਏ।

--------------------------------------------------------------------------------

ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ ਤੇ ਅੱਜ ਅਤੇ 19 ਮਈ ਨੂੰ ਗਰਮੀ ਦਾ ਯੈਲੋ ਅਲਰਟ ਅਤੇ 20 ਤੋਂ 23 ਮਈ ਤੱਕ ਦੋਵਾਂ ਸੂਬਿਆਂ ਵਿਚ ਜ਼ਬਰਦਸਤ ਗਰਮੀ ਪੈਣ ਦਾ ਯੈਲੋ ਅਲਰਟ ਜਾਰੀ ਕਰਦਿਆਂ ਲੋਕਾਂ ਨੂੰ ਆਪਣੇ ਬਚਾਅ ਲਈ ਚੌਕਸ ਰਹਿਣ ਦੀ ਅਪੀਲ ਕੀਤੀ ਏ। ਇਸ ਦੌਰਾਨ ਦੋਵਾਂ ਰਾਜਾਂ ਵਿੱਚ ਮੌਸਮ ਖੁਸ਼ਕ ਰਹੇਗਾ। ਪੰਜਾਬ ਵਿੱਚ ਬੀਤੇ 24 ਘੰਟਿਆਂ ਦੌਰਾਨ ਤਾਪਮਾਨ ਵਿੱਚ 1.2 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ। ਇਥੇ ਕਈ ਜ਼ਿਲਿਆਂ

ਵਿੱਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਸੈਲਸੀਅਸ ਨੂੰ ਪਾਰ ਕਰ ਗਿਆ ਏ। ਬਠਿੰਡਾ 43 .1 ਡਿਗਰੀ ਸੈਲਸੀਅਸ ਨਾਲ ਪੰਜਾਬ ਦਾ ਸਭ ਤੋਂ ਗਰਮ ਸ਼ਹਿਰ ਰਿਹਾ ਜਦਕਿ ਹਰਿਆਣਾ ਵਿੱਚ ਤਾਪਮਾਨ ਵਿੱਚ 1.9 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ ਅਤੇ ਸੂਬੇ ਭਰ ਵਿੱਚ ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਉੱਪਰ ਦਰਜ ਕੀਤਾ ਗਿਆ ਏ। ਇਥੇ ਸਿਰਸਾ ਜ਼ਿਲ੍ਹਾ 44 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਸ਼ਹਿਰ ਰਿਹਾ।